ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# ਸੈਕਰੇਟ ਹਾਰਟ ਸਕੂਲ ਵਿਖੇ ਕਾਨੂੰਨੀ ਸਾਖਰਤਾ ਸੈਮੀਨਾਰ ਦਾ ਆਯੋਜਨ

## ਨਾਲਸਾ ਸਕੀਮਾਂ ਬਾਰੇ ਸਕੂਲੀ ਬੱਚਿਆਂ ਨੂੰ ਕੀਤਾ ਜਾਗਰੂਕ

## ਬੈਕਿੰਗ ਯੋਜਨਾਵਾਂ ਤੇ ਸਕੀਮਾਂ ਬਾਰੇ ਕਰਵਾਇਆ ਜਾਣੂੰ

## ਨੈਸ਼ਨਲ ਲੋਕ ਅਦਾਲਤ 9 ਸਤੰਬਰ ਨੂੰ

ਫਾਜ਼ਿਲਕਾ 07 ਸਤੰਬਰ

ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਚੰਡੀਗੜ੍ਹ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਫਿਰੋਜ਼ਪੁਰ ਸ਼੍ਰੀ ਐਸ.ਕੇ. ਅਗਰਵਾਲ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ ਜੱਜ-ਕਮ-ਚੇਅਰਪਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਸ਼੍ਰੀ ਲੱਛਮਣ ਸਿੰਘ ਤੇ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼੍ਰੀ ਕੇ.ਕੇ.ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੈਕਰੇਟ ਹਾਰਟ ਕਾਨਵੈਂਟ ਸਕੂਲ ਫਾਜ਼ਿਲਕਾ ਵਿਖੇ ਕਾਨੂੰਨੀ ਸਾਖਰਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਸੀ.ਜੇ.ਐਮ ਸ੍ਰੀ ਬਾਂਸਲ ਨੇ ਦੱਸਿਆ ਕਿ ਨੈਸ਼ਨਲ ਲੋਕ ਅਦਾਲਤ ਮਿਤੀ 9 ਸਤੰਬਰ 2017 ਨੂੰ ਜਿਲ੍ਹਾ ਫਾਜ਼ਿਲਕਾ ਵਿੱਚ ਲਗਾਈ ਜਾ ਰਹੀ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਇਸ ਲੋਕ ਅਦਾਲਤ ਦਾ ਵੱਧ ਤੋਂ ਵੱਧ ਫਾਇਦਾ ਉਠਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਅਪਰਾਧ ਪੀੜਤ ਮੁਆਵਜ਼ਾ ਸਕੀਮ 2011 ਦੇ ਤਹਿਤ ਵਿਕਟਿਮ ਮੁਆਵਜਾ ਕਮੇਟੀ ਫਾਜ਼ਿਲਕਾ ਦੇ ਤਹਿਤ ਜਰੂਰਤਮੰਦ ਲੋਕਾਂ ਨੂੰ ਮੁਆਵਜ਼ਾ ਦਿੱਤਾ ਜਾਂਦਾ ਹੈ ਅਤੇ ਨਾਲਸਾ ਦੁਆਰਾ ਚਲਾਈਆਂ ਸਕੀਮਾਂ ਜਿਸ ਤਰ੍ਹਾਂ ਕਿ ਤੇਜ਼ਾਬ ਪੀੜਤ ਮੁਆਵਜ਼ਾ ਸਕੀਮ, ਸੀਨੀਅਰ ਸੀਟੀਜ਼ਨ ਸਕੀਮ, ਮੰਦ ਬੁੱਧੀ ਅਤੇ ਦਿਮਾਗੀ ਕਮਜ਼ੋਰ ਬੱਚਿਆਂ ਨੂੰ ਕਾਨੂੰਨੀ ਸੇਵਾਵਾਂ ਸਕੀਮ, ਡਰੱਗ ਦੀ ਦੁਰਵਰਤੋਂ ਅਤੇ ਨਸ਼ਾਖੋਰੀ ਦਾ ਖਾਤਮਾ ਕਰਨ ਲਈ ਕਾਨੂੰਨੀ ਸੇਵਾਵਾਂ ਅਤੇ ਬੱਚਿਆਂ ਦੇ ਕਾਨੂੰਨੀ ਹੱਕਾਂ ਆਦਿ ਬਾਰੇ ਵੀ ਜਾਣਕਾਰੀ ਦਿੱਤੀ।

ਇਸ ਮੌਕੇ ਐਡਵੋਕੇਟ ਸ੍ਰੀ ਰਾਜੇਸ਼ ਕਸਰੀਜਾ ਨੇ ਦੱਸਿਆ ਕਿ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਲੋਕਾਂ ਵਿੱਚ ਕਾਨੂੰਨੀ ਜਾਗਰੂਕਤਾ ਫਲਾਉਣ ਦਾ ਹਰ ਸੰਭਵ ਉਪਰਾਲਾ ਕਰ ਰਹੀ ਹੈ ਤਾਂ ਜੋ ਲੋਕ ਆਪਣੇ ਕਾਨੂੰਨੀ ਹੱਕਾ ਤੋਂ ਵਾਂਝੇ ਨਾ ਰਹਿ ਜਾਣ। ਉਨ੍ਹਾਂ ਦੱਸਿਆ ਕਿ ਕੋਈ ਵੀ ਵਿਅਕਤੀ ਜੋ ਅਨੁਸੂਚਿਤ ਜਾਤੀ ਨਾਲ ਸਬੰਧ ਰੱਖਦਾ ਹੋਵੇ, ਔਰਤ, ਹਿਰਾਸਤ ਵਿੱਚ ਵਿਅਕਤੀ, ਬੇਗਾਰ ਦਾ ਮਾਰਿਆ ਹੋਇਆ ਵਿਅਕਤੀ ਅਤੇ ਜਿਸ ਵਿਅਕਤੀ ਦੀ ਸਲਾਨਾ ਆਮਦਨ 1,50,000/-

ਰੁਪਏ ਤੋਂ ਘੱਟ ਹੋਵੇ ਉਸ ਨੂੰ ਮੁਫ਼ਤ ਕਾਨੂੰਨੀ ਸੇਵਾ ਪ੍ਰਦਾਨ ਕੀਤੀ ਜਾਂਦੀ ਹੈ। ਮੁਫ਼ਤ ਕਾਨੂੰਨੀ ਸੇਵਾ ਵਿੱਚ ਵਕੀਲਾਂ ਦੀਆਂ ਸੇਵਾਵਾਂ, ਕੋਰਟ ਫੀਸ, ਗਵਾਹਾਂ ਦੇ ਖਰਚੇ ਆਦਿ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਅਦਾ ਕੀਤੇ ਜਾਂਦੇ ਹਨ।

ਇਸ ਮੌਕੇ ਲੀਡ ਬੈਂਕ ਮੈਨੇਜਰ ਸ੍ਰੀ ਪਰਮਜੀਤ ਕੌਂਚਰ ਨੇ ਬੱਚਿਆਂ ਨੂੰ ਪੜ੍ਹਾਈ 'ਤੇ ਮਿਲਣ ਵਾਲੇ ਕਰਜੇ ਦੀ ਸਕੀਮਾਂ, ਵਿਦਿਆ ਲਕਸ਼ਮੀ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਦੌਰਾਨ ਵਿੱਤੀ ਸਾਖਰਤਾ ਸਲਾਹਕਾਰ ਸ੍ਰੀ ਸਤਪਾਲ ਸੇਤੀਆ ਨੇ ਵੀ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਸਕੀਮਾਂ, ਯੋਜਨਾਵਾਂ, ਡਿਜੀਟਲ ਬੈਕਿੰਗ ਤੇ ਕੈਸ਼ਲੈਸ ਬੈਕਿੰਗ ਬਾਰੇ ਵੀ ਬੱਚਿਆਂ ਨੂੰ ਜਾਣੂੰ ਕਰਵਾਇਆ।

ਸ੍ਰੀ ਬਾਂਸਲ ਨੇ ਅੱਗੇ ਦੱਸਿਆ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਇਹਨਾਂ ਤੱਕ ਜਾਣਕਾਰੀ ਪਹੁੰਚਾਉਣ ਨਾਲ ਹਰ ਵਰਗ ਤੱਕ ਪਹੁੰਚ ਜਾਂਦੀ ਹੈ। ਇਸ ਮੌਕੇ ਪੈਰਾ ਲੀਗਲ ਵਲੰਟੀਅਰ ਸ. ਇੰਦਰਜੀਤ ਨੇ ਸਾਰਿਆਂ ਨੂੰ ਅਪੀਲ ਕੀਤੀ ਕਿ ਸਾਨੂੰ ਆਪਣੇ ਆਲੇ-ਦੁਆਲੇ ਸਾਫ-ਸਫਾਈ ਰੱਖਣੀ ਚਾਹੀਦੀ ਹੈ।


ਇਨਸਾਫ਼ ਸਭਨਾਂ ਲਈ
ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ
ਫਾਜ਼ਿਲਕਾ
ਕਾਨੂੰਨੀ
ਸਾਖ਼ਰਤਾ ਸੈਮੀਨਾਰ
ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ